



ਅੰਤਰਰਾਸ਼ਟਰੀ ਮਾਤ ਭਾਸ਼ਾ ਦਿਹਾੜੇ ਤੇ ਵਿਦਿਆਰਥੀਆਂ ਨੂੰ ਆਪਣੀਆਂ ਰਚਨਾਵਾਂ ਸੁਣਾ ਰਹੇ ਪੀ.ਸੀ.ਐਸ. ਗੁਰਵਿੰਦਰ ਸਿੰਘ ਜੌਹਲ ਅਤੇ ਵੱਖ-ਵੱਖ ਸ਼ਖ਼ਸੀਅਤਾਂ। ਤਸਵੀਰ : ਵਰੁਣ ਲਾਂਬਾ

# ਪੋਸਟ ਗਰੈਜੂਏਟ ਪੰਜਾਬੀ ਵਿਭਾਗ ਸਰਕਾਰੀ ਕਾਲਜ ਰੋਪੜ ਵਲੋਂ ਅੰਤਰ-ਰਾਸ਼ਟਰੀ ਮਾਤ ਭਾਸ਼ਾ ਦਿਹਾੜਾ ਮਨਾਇਆ

## ਪੀ.ਸੀ.ਐਸ. ਗੁਰਵਿੰਦਰ ਸਿੰਘ ਜੌਹਲ ਦੀਆਂ ਰਚਨਾਵਾਂ ਨੇ ਕੀਲੇ ਵਿਦਿਆਰਥੀ

ਰੂਪਨਗਰ, 21 ਫਰਵਰੀ (ਸਤਨਾਮ ਸਿੰਘ ਸੱਤੀ)- ਪੋਸਟ ਗਰੈਜੂਏਟ ਪੰਜਾਬੀ ਵਿਭਾਗ ਸਰਕਾਰੀ ਕਾਲਜ ਰੋਪੜ ਵਲੋਂ ਅੰਤਰ-ਰਾਸ਼ਟਰੀ ਮਾਤ ਭਾਸ਼ਾ ਦਿਵਸ-2025 ਕਰਵਾਇਆ ਗਿਆ। ਆਪਣੇ ਸੰਬੋਧਨ ਵਿਚ ਪ੍ਰਿੰਸੀਪਲ ਜਤਿੰਦਰ ਸਿੰਘ ਗਿੱਲ ਨੇ ਮਾਤ ਭਾਸ਼ਾ ਦੀ ਅਜੋਕੇ ਸਮੇਂ ਵਿਚ ਲੋੜ ਤੇ ਚਾਨਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਇਸਦੀ ਮੁੱਢਲੀ ਸਿਖਲਾਈ ਤੇ ਜ਼ੋਰ ਦੇਣ ਲਈ ਪ੍ਰੇਰਿਤ ਕੀਤਾ ਤਾਂ ਜੋ ਵਿਆਕਰਨ ਦੀਆਂ ਗ਼ਲਤੀਆਂ ਤੋਂ ਬਚਿਆ ਜਾ ਸਕੇ ਅਤੇ ਮਾਤ ਭਾਸ਼ਾ ਦੀ ਸਹੀ ਅਰਥਾਂ ਵਿਚ ਸੇਵਾ ਸੰਭਾਲ ਕੀਤੀ ਜਾ ਸਕੇ। ਇਸ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਡਾ. ਸੁਖਜਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਪੁੱਜੇ ਗੁਰਵਿੰਦਰ ਸਿੰਘ ਜੌਹਲ (ਪੀਸੀਐਸ) ਆਰ.ਟੀ.ਓ. ਰੂਪਨਗਰ ਅਤੇ ਵਿਸ਼ੇਸ਼ ਮਹਿਮਾਨ ਡਾ. ਸ਼ਮਸ਼ੇਰ ਮੋਹੀ ਦਾ ਸਵਾਗਤ ਕੀਤਾ ਅਤੇ ਮਾਤ ਭਾਸ਼ਾ ਦੀ ਮਹੱਤਤਾ ਤੇ ਚਾਨਣਾ ਪਾਇਆ। ਪ੍ਰੋ. ਰਜਿੰਦਰ ਕੌਰ ਨੇ ਮਾਤ-ਭਾਸ਼ਾ ਸਬੰਧੀ ਸਮੂਹ ਹਾਜ਼ਰੀਨ ਨੂੰ ਸਹੁੰ ਚੁਕਾਈ। ਡਾ. ਜਤਿੰਦਰ ਕੁਮਾਰ ਨੇ ਆਏ ਮਹਿਮਾਨਾਂ ਦੇ ਜੀਵਨ ਬਿਓਰੇ ਸਬੰਧੀ ਜਾਣਕਾਰੀ ਦਿੱਤੀ। ਵਿਸ਼ੇਸ਼ ਮਹਿਮਾਨ ਡਾ. ਸ਼ਮਸ਼ੇਰ ਮੋਹੀ ਨੇ 'ਮਾਤ ਭਾਸ਼ਾ ਦੀ ਇਤਿਹਾਸਿਕ ਮਹੱਤਤਾ ਅਤੇ ਅਜੋਕਾ ਸੰਦਰਭ' ਵਿਸ਼ੇ ਤੇ ਪੇਪਰ ਪੜ੍ਹਿਆ ਉਪਰੰਤ ਆਪਣੀਆਂ ਗ਼ਜ਼ਲਾਂ ਨਾਲ ਸਮਾਂ ਬੰਨ੍ਹ ਦਿੱਤਾ। ਇਸ ਮੌਕੇ ਮੁੱਖ ਮਹਿਮਾਨ ਗੁਰਵਿੰਦਰ ਸਿੰਘ ਜੌਹਲ ਨੇ ਮਾਹੌਲ ਨੂੰ ਆਪਣੀਆਂ ਰਚਨਾਵਾਂ ਨਾਲ ਗਰਮਾ ਦਿੱਤਾ, ਵਿਦਿਆਰਥੀਆਂ ਨੇ ਉਨ੍ਹਾਂ ਦੀ ਰਚਨਾ "ਸ਼ਾਲਾ ਸ਼ਾਨਾਂ ਉੱਚੀਆਂ ਰਹਿਣ ਪੰਜਾਬ ਦੀਆਂ" ਨੂੰ ਭਰਪੂਰ ਮਾਣਿਆ ਅਤੇ ਸਰਾਹਿਆ। ਲਗਾਤਾਰ ਵਿਦਿਆਰਥੀਆਂ ਦੀ ਫ਼ਰਮਾਇਸ਼ ਤੇ ਉਨ੍ਹਾਂ ਨੇ ਭਾਰਤ-ਪਾਕਿਸਤਾਨ ਵੰਡ ਨਾਲ ਸਬੰਧਿਤ ਆਪਣੀ ਮਸ਼ਹੂਰ ਰਚਨਾ 'ਦੋ ਭਾਈਆਂ ਵਿਚ ਵੰਡੀ ਹੋਈ' ਵੀ ਪੇਸ਼ ਕੀਤੀ। ਇਸ ਮੌਕੇ ਕਿਰਪਾਲ ਕੌਰ ਯਾਦਗਾਰੀ ਸਾਹਿਤਿਕ ਟਰੱਸਟ ਦੇ ਪ੍ਰਧਾਨ ਉੱਘੇ ਸਾਹਿਤਕਾਰ ਯਤਿੰਦਰ ਕੌਰ ਮਾਹਲ ਅਤੇ ਉੱਘੇ ਸਾਹਿੱਤਕਾਰ ਸ੍ਰੀਮਤੀ ਪਰਮਿੰਦਰ ਕੌਰ ਵੀ ਸ਼ਾਮਲ ਹੋਏ। ਕਾਲਜ ਕੌਂਸਲ ਦੇ ਮੈਂਬਰ ਅਤੇ ਰਜਿਸਟਰਾਰ ਪ੍ਰੋ. ਮੀਨਾ ਕੁਮਾਰੀ, ਪ੍ਰੋ. ਹਰਜੀਤ ਸਿੰਘ, ਡਾ. ਨਿਰਮਲ ਸਿੰਘ ਪੰਜਾਬੀ ਵਿਭਾਗ ਦੇ ਪ੍ਰੋ. ਹਰਸਿਮਰਤ ਕੌਰ, ਡਾ. ਨਰਿੰਦਰ ਕੌਰ, ਪ੍ਰੋ. ਬਲਜਿੰਦਰ ਕੌਰ, ਪ੍ਰੋ. ਤਰਨਜੋਤ ਕੌਰ ਤੋਂ ਇਲਾਵਾ ਕਾਲਜ ਦਾ ਸਮੂਹ ਸਟਾਫ਼ ਵੀ ਹਾਜ਼ਰ ਸੀ। ਪ੍ਰੋ. ਹਰਦੀਪ ਕੌਰ ਨੇ ਮੰਚ ਸੰਚਾਲਨ ਬਾਖ਼ੂਬੀ ਕੀਤਾ।